**ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ ॥ ਮਨਿ ਚਿੰਦਿਆ ਫਲੁ ਪਾਵਣਾ ਹਉਮੈ ਵਿਚਹੁ ਜਾਇ ॥ ਬੰਧਨ ਤੋੜੈ ਮੁਕਤਿ ਹੋਇ ਸਚੇ ਰਹੈ ਸਮਾਇ ॥ {ਪੰਨਾ 644}**

ਅਰਥ:- ਜੇ ਕੋਈ ਮਨੁੱਖ ਚਿੱਤ ਲਗਾ ਕੇ ਸੇਵਾ ਕਰੇ , ਤਾਂ ਸਤਿਗੁਰੂ ਦੀ (ਦੱਸੀ) ਸੇਵਾ ਜ਼ਰੂਰ ਫਲ ਲਾਂਦੀ ਹੈ; ਮਨ-ਇੱਛਿਆ ਫਲ ਮਿਲਦਾ ਹੈ, ਅਹੰਕਾਰ ਮਨ ਵਿਚੋਂ ਦੂਰ ਹੁੰਦਾ ਹੈ; (ਗੁਰੂ ਦੀ ਦੱਸੀ ਕਾਰ ਮਾਇਆ ਦੇ) ਬੰਧਨਾਂ ਨੂੰ ਤੋੜਦੀ ਹੈ (ਬੰਧਨਾਂ ਤੋਂ) ਖ਼ਲਾਸੀ ਹੋ ਜਾਂਦੀ ਹੈ ਤੇ ਸੱਚੇ ਹਰੀ ਵਿਚ ਮਨੁੱਖ ਸਮਾਇਆ ਰਹਿੰਦਾ ਹੈ।

**ਇਸੁ ਜਗ ਮਹਿ ਨਾਮੁ ਅਲਭੁ ਹੈ ਗੁਰਮੁਖਿ ਵਸੈ ਮਨਿ ਆਇ ॥ ਨਾਨਕ ਜੋ ਗੁਰੁ ਸੇਵਹਿ ਆਪਣਾ ਹਉ ਤਿਨ ਬਲਿਹਾਰੈ ਜਾਉ ॥੧॥ {ਪੰਨਾ 644}**

ਅਰਥ:- ਇਸ ਸੰਸਾਰ ਵਿਚ ਹਰੀ ਦਾ ਨਾਮ ਦੁਰਲੱਭ ਹੈ, ਸਤਿਗੁਰੂ ਦੇ ਸਨਮੁਖ ਮਨੁੱਖ ਦੇ ਮਨ ਵਿਚ ਆ ਕੇ ਵੱਸਦਾ ਹੈ; ਹੇ ਨਾਨਕ! (ਆਖ—) ਮੈਂ ਸਦਕੇ ਹਾਂ ਉਹਨਾਂ ਤੋਂ ਜੋ ਆਪਣੇ ਸਤਿਗੁਰੂ ਦੀ ਦੱਸੀ ਕਾਰ ਕਰਦੇ ਹਨ।1।